੦੫੧

ਕੀ ਗੁਰਬਾਣੀ ਦੇ ਅਰਥ ਸਮਝਣ ਬਿਨਾਂ ਗੁਰਬਾਣੀ ਦਾ ਪਾਠ ਕਰਨਾ ਸਹੀ ਹੈ?

(ਸੰਪਾਦਕ: ਅਨੰਤ ਪ੍ਰਵਾਹ ਟ੍ਰਸਟ ਯੂ.ਕੇ.)

ਗੁਰਬਾਣੀ ਵਿੱਚ ਸਤਿਗੁਰਾਂ ਵੱਲੋਂ ਬੇਅੰਤ ਸ਼ਬਦ ਦਰਜ ਕੀਤੇ ਹੋਏ ਹਨ ਜਿਨ੍ਹਾਂ ਰਾਹੀਂ ਫੁਰਮਾਨ ਹੈ ਕਿ ਗੁਰਮਤਿ-ਗਿਆਨ ਨੂੰ ਬੁਝਣ ਲਈ ਅਤੇ ਮਨ ਵਿੱਚ ਵਸਾਉਣ ਲਈ ਪਾਠ ਕਰਨਾ ਹੈ। ਫਿਰ ਸਮਝੇ ਹੋਏ ਗਿਆਨ ਦੀ ਕਮਾਈ ਕਰਨੀ ਹੈ ਭਾਵ ਆਪਣੇ ਜੀਵਨ ਨੂੰ ਉਸ ਅਨੁਸਾਰ ਢਾਲਣਾ ਹੈ। ਬਿਨਾਂ ਅਜੇਹੀ ਇੱਛਾ ਦੇ ਕਿਸੇ ਭਰਮ ਅਧੀਨ ਪਾਠ ਕਰਨਾ ਸਤਿਗੁਰਾਂ ਨੇ ਨਿਸਫ਼ਲ ਦੱਸਿਆ ਹੈ। ਸਿੱਖੀ-ਸਿਧਾਂਤ ਦੇ ਜਨਮਦਾਤਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਫੁਰਮਾਨ ਹੈ:

- ਪੜਿਐ ਨਾਹੀ ਭੇਦੁ ਬੁਝਿਐ ਪਾਵਣਾ॥ (੧੪੯)

ਇਸ ਤੋਂ ਪਹਿਲਾਂ ਕਿ ਕੁੱਝ ਹੋਰ ਪ੍ਰਮਾਣ ਸਾਂਝੇ ਕੀਤੇ ਜਾਣ, ਗੁਰਮਤਿ ਦੇ ਇਸ ਸਿਧਾਂਤ ਨੂੰ ਚੰਗੀ ਤਰ੍ਹਾਂ ਸਮਝਣ ਦੀ ਲੋੜ ਹੈ ਕਿ:

- ਪਰਥਾਇ ਸਾਖੀ ਮਹਾ ਪੁਰਖ ਬੋਲਦੇ ਸਾਝੀ ਸਗਲ ਜਹਾਨੈ॥
ਗੁਰਮੁਖਿ ਹੋਇ ਸੁ ਭਉ ਕਰੇ ਆਪਣਾ ਆਪੁ ਪਛਾਣੈ॥ (੬੪੭)

ਜਦੋਂ ਮਹਾਂਪੁਰਖ ਕਿਸੇ ਖ਼ਾਸ ਸੰਬੰਧ ਵਿੱਚ ਸਿੱਖਿਆਦਾਇਕ ਬਚਨ ਬੋਲਦੇ ਹਨ ਤਾਂ ਉਹ ਸਾਰੇ ਸੰਸਾਰ ਲਈ ਸਾਂਝੇ ਹੀ ਹੁੰਦੇ ਹਨ। ਗੁਰਮੁਖ ਜਨ ਜਦੋਂ ਅਜਿਹੇ ਸਿੱਖਿਆਦਾਇਕ ਬਚਨ ਵਿਚਾਰਦੇ ਹਨ ਤੇ ਆਪੇ ਨੂੰ ਪੁੱਛਦੇ ਹਨ ਕਿ ਕਿਤੇ ਇਹ ਬਚਨ ਮੇਰੇ ਲਈ ਹੀ ਤਾਂ ਨਹੀਂ ਲਿਖੇ ਹੋਏ। ਫਿਰ ਉਹ ਗੁਰੂ ਦੇ ਬਚਨਾਂ ਨੂੰ ਜੀਵਨ ਵਿੱਚ ਢਾਲ ਕੇ ਆਪਣਾ ਜੀਵਨ ਸਵਾਰ ਲੈਂਦੇ ਹਨ। ਕਿਉਂਕਿ ਗੁਰੂ ਸਾਹਿਬਾਨ ਦਾ ਵਾਸਤਾ ਬ੍ਰਾਹਮਣੀ ਲੂਟਨੀਤੀ ਵਾਲੇ ਪਾਖੰਡ ਨਾਲ ਪਿਆ ਸੀ, ਉਨ੍ਹਾਂ ਨੇ ਆਪਣੀ ਸਿੱਖਿਆ ਵਿੱਚ ਵਿਸ਼ੇਸ਼ ਕਰਕੇ ਬ੍ਰਾਹਮਣ ਨੂੰ ਹੀ ਸੰਬੋਧਨ ਕੀਤਾ ਸੀ। ਉਸ ਸਮੇਂ ਦੇ ਧਰਮ ਗ੍ਰੰਥਾਂ ਦੇ ਮੰਤ੍ਰ ਪਾਠ ਦੇ ਜ਼ਿਕਰ ਨੂੰ ਸਿੱਖਾਂ ਲਈ ਗੁਰੂ ਗ੍ਰੰਥ ਸਾਹਿਬ ਦੇ ਅਜਿਹੇ ਪਾਠਾਂ ਬਾਰੇ ਹੁਕਮ ਸਮਝਣਾ ਚਾਹੀਦਾ ਹੈ:

- ਪੜਹਿ ਮਨਮੁਖ ਪਰੁ ਬਿਧਿ ਨਹੀ ਜਾਨਾ॥ ਨਾਮੁ ਨ ਬੂਝਹਿ ਭਰਮਿ ਭੁਲਾਨਾ॥
ਲੈ ਕੈ ਵਢੀ ਦੇਨਿ ਉਗਾਹੀ ਦੁਰਮਤਿ ਕਾ ਗਲਿ ਫਾਹਾ ਹੇ॥
ਸਿਮ੍ਰਿਤਿ ਸਾਸਤ੍ਰ ਪੜਹਿ ਪੁਰਾਣਾ॥ ਵਾਦੁ ਵਖਾਣਹਿ ਤਤੁ ਨ ਜਾਣਾ॥
ਵਿਣੁ ਗੁਰ ਪੂਰੇ ਤਤੁ ਨ ਪਾਈਐ ਸਚ ਸੂਚੇ ਸਚੁ ਰਾਹਾ ਹੇ॥ (੧੦੩੨)

ਆਪਣੇ ਮਨ ਪਿੱਛੇ ਤੁਰਨ ਵਾਲੇ ਬੰਦੇ ਧਾਰਮਿਕ ਗ੍ਰੰਥ ਪੜ੍ਹਦੇ ਹਨ, ਪਰ ਪੜ੍ਹੇ ਹੋਏ ਤੇ ਅਮਲ ਨਹੀਂ ਕਰਦੇ, ਜੀਵਨ-ਜਾਂਚ ਨਹੀਂ ਸਿੱਖਦੇ। ਪ੍ਰਮਾਤਮਾ ਦੇ ਨਾਮ ਦੀ ਕਦਰ ਨਹੀਂ ਸਮਝਦੇ ਸਗੋਂ ਮਾਇਆ ਦੀ ਭਟਕਣਾ ਵਿੱਚ ਕੁਰਾਹੇ ਪਏ ਰਹਿੰਦੇ ਹਨ। ਅਜਿਹੇ ਬੰਦਿਆਂ ਦੀ ਕਰਤੂਤ ਇਹ ਹੁੰਦੀ ਹੈ ਕਿ ਰਿਸ਼ਵਤਾਂ ਲੈ ਕੇ ਝੂਠੀਆਂ ਗਵਾਹੀਆਂ ਦਿੰਦੇ ਹਨ। ਅਜਿਹੇ ਪਾਠੀ ਬੇਈਮਾਨੀ ਦੀ ਕਮਾਈ ਕਰਦੇ ਹਨ ਅਤੇ ਭੈੜੀ ਮਤਿ ਕਾਰਨ ਉਨ੍ਹਾਂ ਦੇ ਗਲ ਵਿੱਚ ਵਿਕਾਰਾਂ ਦੀ ਫਾਹੀ ਪਈ ਰਹਿੰਦੀ ਹੈ। ਧਰਮ ਗ੍ਰੰਥਾਂ ਨੂੰ ਪੜ੍ਹਨ ਦੀਆਂ ਵੱਖ-ਵੱਖ ਵਿਧੀਆਂ ਤਾਂ ਦਰਸਾਉਂਦੇ ਹਨ ਅਤੇ ਆਪਣੇ ਆਪ ਨੂੰ ਤਕੜੇ ਪਾਠੀ ਦੱਸਦੇ ਹਨ ਪਰ ਅਸਲੀਅਤ ਨੂੰ ਨਹੀਂ ਸਮਝਦੇ। ਪੂਰੇ ਗੁਰੂ ਦੀ ਸ਼ਰਨ ਪੈ ਕੇ ਅਤੇ ਉਸ ਦੀ ਸਿੱਖਿਆ ਤੇ ਚੱਲੇ ਬਿਨਾਂ ਅਸਲੀਅਤ ਦੀ ਸੋਝੀ ਨਹੀਂ ਪੈ ਸਕਦੀ। ਜਿਹੜੇ ਪ੍ਰਭੂ ਦਾ ਨਾਮ ਸਿਮਰਨ ਕਰਦੇ ਹਨ, ਉਹ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ ਅਤੇ ਜ਼ਿੰਦਗੀ ਦਾ ਸਹੀ ਮਾਰਗ ਫੜ ਲੈਂਦੇ ਹਨ।

- ਪੰਡਿਤ ਪੜਹਿ ਵਖਾਣਹਿ ਵੇਦੁ॥ ਅੰਤਰਿ ਵਸਤੁ ਨ ਜਾਣਹਿ ਭੇਦੁ॥

ਗੁਰ ਬਿਨੁ ਸੋਝੀ ਬੂਝ ਨ ਹੋਇ॥ ਸਾਚਾ ਰਵਿ ਰਹਿਆ ਪ੍ਰਭੁ ਸੋਇ॥ (੩੫੫)

- ਵਾਚਹਿ ਪੁਸਤਕ ਵੇਦ ਪੁਰਾਨਾਂ॥ ਇਕਿ ਬਹਿ ਸੁਨਹਿ ਸੁਨਾਵਹਿ ਕਾਨਾਂ॥
ਅਜਗਰ ਕਪਟੁ ਕਹਹੁ ਕਿਉ ਖੁਲ੍ਹੈ ਬਿਨੁ ਸਤਿਗੁਰ ਤਤੁ ਨ ਪਾਇਆ॥ (੧੦੪੩)

- ਸਿਮ੍ਰਿਤਿ ਸਾਸਤ੍ਰ ਕਰਹਿ ਵਖਿਆਣ॥ ਨਾਦੀ ਬੇਦੀ ਪੜ੍ਹਹਿ ਪੁਰਾਣ॥
ਪਾਖੰਡ ਦ੍ਰਿਸਟਿ ਮਨਿ ਕਪਟੁ ਕਮਾਹਿ॥ ਤਿਨ ਕੈ ਰਮਈਆ ਨੇੜਿ ਨਾਹਿ॥ (੧੧੬੯)

- ਪੰਡਿਤ ਵਾਚਹਿ ਪੋਥੀਆ ਨਾ ਬੂਝਹਿ ਵੀਚਾਰੁ॥ ਅਨ ਕਉ ਮਤੀ ਦੇ ਚਲਹਿ ਮਾਇਆ ਕਾ ਵਾਪਾਰੁ॥
ਕਥਨੀ ਝੂਠੀ ਜਗੁ ਭਵੈ ਰਹਣੀ ਸਬਦੁ ਸੁ ਸਾਰੁ॥ (੫੬)

ਪੰਡਿਤ ਲੋਕ ਧਾਰਮਿਕ ਪੁਸਤਕਾਂ ਪੜ੍ਹਦੇ ਹਨ (ਸਿੱਖ ਗੁਰੂ ਗ੍ਰੰਥ ਸਾਹਿਬ ਦੇ ਅਖੰਡ-ਪਾਠ ਕਰੀ ਜਾਂਦੇ ਹਨ) ਪਰ ਵਿਚਾਰ ਨੂੰ ਸਮਝਦੇ ਨਹੀਂ ਸਗੋਂ ਹੋਰਨਾਂ ਨੂੰ ਮੱਤਾਂ ਦੇ ਕੇ ਜਗਤ ਤੋਂ ਤੁਰ ਜਾਂਦੇ ਹਨ, ਉਨ੍ਹਾਂ ਦਾ ਸਾਰਾ ਉਦਮ ਮਾਇਆ ਕਮਾਉਣ ਲਈ ਵਪਾਰ ਬਣਿਆ ਰਹਿ ਜਾਂਦਾ ਹੈ। ਪ੍ਰਭੂ ਦੀ ਸਿਫ਼ਤ-ਸਾਲਾਹ ਵਾਲਾ ਗੁਰੂ ਦਾ ਗਿਆਨ ਰੂਪੀ ਸ਼ਬਦ ਹਿਰਦੇ ਵਿੱਚ ਟਿਕਾ ਕੇ ਉਸ ਅਨੁਸਾਰ ਆਪਣਾ ਜੀਵਨ ਢਾਲਣਾ ਹੀ ਸ੍ਰੇਸ਼ਟ ਰਹਿਣੀ ਹੈ।

ਅੱਜ ਸਿੱਖ ਜਗਤ ਅੰਦਰ ਸ੍ਰੀ ਦਰਬਾਰ ਸਾਹਿਬ ਤੋਂ ਲੈ ਕੇ ਕਿਹੜੀ ਅਜਿਹੀ ਕਮੇਟੀ ਹੈ ਜਿਸ ਨੂੰ ਪਾਠ ਬੁੱਕ ਕਰਕੇ ਵੱਧ ਤੋਂ ਵੱਧ ਮਾਇਆ ਇਕੱਤ੍ਰ ਕਰਨ ਦਾ ਭੁਸ ਨਹੀਂ ਪਿਆ ਹੋਇਆ? ਲਗ-ਭਗ ਸਾਰੇ ਸਿੱਖ ਪ੍ਰਚਾਰਕ ਵੀ ਮਾਇਆ ਦੀ ਉਗਰਾਹੀ ਕਰਨ ਵਾਸਤੇ ਦੇਸ-ਪ੍ਰਦੇਸ ਭੱਜੇ ਫਿਰਦੇ ਹਨ ਪਰ ਹਜ਼ੂਰ ਦਾ ਫੁਰਮਾਨ ਹੈ ਕਿ ਮਾਇਆ ਦੀ ਖੱਟੀ ਕਰਨ ਲਈ ਜਿਹੜਾ ਜਗਤ ਨੂੰ ਸਿੱਖਿਆ ਦਿੰਦਾ ਫਿਰਦਾ ਹੈ ਉਹ ਸਦਾ ਜਨਮ ਮਰਨ ਦੇ ਗੇੜ ਵਿੱਚ ਦੁੱਖੀ ਰਹਿੰਦਾ ਹੈ:

- ਦੂਜੈ ਭਾਇ ਜਾਇ ਜਗੁ ਪਰਬੋਧੈ ਬਿਖੁ ਮਾਇਆ ਮੋਹ ਸੁਆਇ॥
ਇਤੁ ਕਮਾਣੈ ਸਦਾ ਦੁਖੁ ਪਾਵੈ ਜੰਮੈ ਮਰੈ ਫਿਰਿ ਆਵੈ ਜਾਇ॥ (੫੧੨)

- ਅੰਤਰਿ ਬਿਖੁ ਮੁਖਿ ਅੰਮ੍ਰਿਤੁ ਸੁਣਾਵੈ॥ ਜਮ ਪੁਰਿ ਬਾਧਾ ਚੋਟਾ ਖਾਵੈ॥ (੧੯੪)

ਕਿਹੜੀ ਬਦਕਿਸਤੀ ਹੈ ਕਿ ਗੁਰੂ ਦਾ ਸਿੱਖ ਉਸੇ ਗੁਰੂ ਦੇ ਸਿਰਫ਼ ਮੰਤ੍ਰ ਪਾਠ ਹੀ ਕਰੀ ਜਾਣੇ ਕਲਿਆਣਕਾਰੀ ਮੰਨੀ ਬੈਠਾ ਹੈ ਜਿਹੜਾ ਬਾਰ-ਬਾਰ ਫੁਰਮਾ ਰਿਹਾ ਹੈ ਕਿ ਮੇਰੇ ਹੁਕਮਾਂ ਨੂੰ ਸਮਝ ਕੇ ਉਸ ਅਨੁਸਾਰ ਜੀਵਨ ਬਣਾਉ। (ਬਿਨਾਂ ਸਮਝਣ ਦੀ ਲੋੜ ਤੋਂ ਧਾਰਮਿਕ ਗ੍ਰੰਥਾਂ ਦੇ ਪਾਠ ਕਰਨ ਦੇ ਫਲਾਂ ਦਾ ਭਰਮ ਪਾ ਕੇ ਮੰਤ੍ਰ ਪਾਠਾਂ ਦੀ ਰੀਤ ਸਭ ਤੋਂ ਪਹਿਲਾਂ ਬ੍ਰਾਹਮਣ ਨੇ ਚਲਾਈ ਸੀ। ਉਸ ਦਾ ਕਾਰਨ ਇਹ ਸੀ ਕਿ ਬ੍ਰਾਹਮਣ ਮਨੁੱਖ ਨੂੰ ਅਗਿਆਨੀ ਰੱਖ ਕੇ ਆਪਣੀ ਲੁੱਟ ਦਾ ਸਾਧਨ ਬਣਾਈ ਰੱਖਣਾ ਚਾਹੁੰਦਾ ਸੀ।) ਗੁਰਦੇਵ ਨੇ ਅਜਿਹੀ ਬੇ-ਅਰਥ ਦੀ ਰੀਤ ਦੀ ਭਰਪੂਰ ਖੰਡਣਾ ਕੀਤੀ ਅਤੇ ਇਸ ਲੁੱਟ ਨੀਤੀ ਵਾਲੇ ਪਾਖੰਡ ਨੂੰ ਰੋਕਣ ਦੇ ਯਤਨ ਵਿੱਚ ਬੇਅੰਤ ਸ਼ਬਦ ਰਚੇ। ਪਰ ਬੜੇ ਦੁੱਖ ਦੀ ਗੱਲ ਹੈ ਕਿ ਗੁਰੂ ਦੇ ਸਿੱਖ ਦੇ ਸਿਰ ਤੇ ਬ੍ਰਾਹਮਣੀ ਰੀਤ ਦਾ ਭੂਤ ਏਡੀ ਸਫ਼ਲਤਾ ਨਾਲ ਸੁਆਰ ਹੈ ਕਿ ਜਿਹੜੀ ਗੁਰਬਾਣੀ ਅਜਿਹੇ ਪਾਖੰਡ-ਕਰਮ ਦੀ ਭਰਪੂਰ ਖੰਡਣਾ ਕਰਦੀ ਹੈ, ਉਸੇ ਬਾਣੀ ਦੇ ਵਿਧੀ ਵਾਲੇ ਮੰਤ੍ਰ-ਪਾਠਾਂ ਦੀਆਂ ਲੜੀਆਂ ਤੋਰੀ ਰੱਕਦਾ ਹੈ।

- ਜੇਤੇ ਜਤਨ ਕਰਤ ਤੇ ਡੂਬੇ ਭਵ ਸਾਗਰੁ ਨਹੀ ਤਾਰਿਓ ਰੇ॥
ਕਰਮ ਧਰਮ ਕਰਤੇ ਬਹੁ ਸੰਜਮ ਅਹੰਬੁਧਿ ਮਨੁ ਜਾਰਿਓ ਰੇ॥ (੩੩੫)

ਗੁਰਬਾਣੀ ਦੇ ਇਸ ਮਹਾਨ ਫਲਸਫ਼ੇ ਦੀ ਪ੍ਰੋੜ੍ਹਤਾ ਵਿੱਚ ਸਿੱਖ ਸਿਧਾਂਤਾਂ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਹੋਰ ਗੁਰੂ ਸਾਹਿਬਾਨਾਂ ਦੇ ਹੋਰ ਅਨੇਕਾਂ ਸ਼ਬਦ ਗੁਰਬਾਣੀ ਅੰਦਰ ਮੌਜੂਦ ਹਨ। ਕੁਝ ਕੁ ਸ਼ਬਦ ਹੇਠਾਂ ਦਰਜ ਕੀਤੇ ਜਾਂਦੇ ਹਨ:

ਸ੍ਰੀ ਗੁਰੂ ਨਾਨਕ ਦੇਵ ਜੀ

- ਅਮਲੁ ਕਰਿ ਧਰਤੀ ਬੀਜੁ ਸਬਦੋ ਕਰਿ ਸਚ ਕੀ ਆਬ ਨਿਤ ਦੇਹਿ ਪਾਣੀ॥
ਹੋਇ ਕਿਰਸਾਣੁ ਈਮਾਨੁ ਜੰਮਾਇ ਲੈ ਭਿਸਤੁ ਦੋਜਕੁ ਮੂੜੇ ਏਵ ਜਾਣੀ॥ (੨੪)

- ਪੋਥੀ ਪੁਰਾਣ ਕਮਾਈਐ॥ ਭਉ ਵਟੀ ਇਤੁ ਤਨਿ ਪਾਈਐ॥ ਸਚੁ ਬੂਝਣੁ ਆਣਿ ਜਲਾਈਐ॥(੨੫)

- ਤਾ ਤੂ ਮੁਲਾ ਤਾ ਤੂ ਕਾਜੀ ਜਾਣਹਿ ਨਾਮੁ ਖੁਦਾਈ॥ ਜੇ ਬਹੁਤੇਰਾ ਪੜਿਆ ਹੋਵਹਿ ਕੋ ਰਹੈ ਨ ਭਰੀਐ ਪਾਈ॥
ਸੋਈ ਕਾਜੀ ਜਿਨਿ ਆਪੁ ਤਜਿਆ ਇਕੁ ਨਾਮੁ ਕੀਆ ਆਧਾਰੋ॥
ਹੈ ਭੀ ਹੋਸੀ ਜਾਇ ਨ ਜਾਸੀ ਸਚਾ ਸਿਰਜਣਹਾਰੋ॥ ਪੰਜ ਵਖਤ ਨਿਵਾਜ ਗੁਜਾਰਹਿ ਪੜਹਿ ਕਤੇਬ ਕੁਰਾਣਾ॥
ਨਾਨਕੁ ਆਖੈ ਗੋਰ ਸਦੇਈ ਰਹਿਓ ਪੀਣਾ ਖਾਣਾ॥ (੨੪)

- ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ॥
ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ॥ ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ॥ (੪੬੭)

- ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ॥ ਅਠਸਿਠ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ॥
ਸਾਚੋ ਸਾਹਿਬੁ ਨਿਰਮਲੋ ਮਨਿ ਮਾਨੈ ਏਕਾ॥ (੧੦੦੮)

- ਬੇਦ ਪਾਠ ਸੰਸਾਰ ਕੀ ਕਾਰ॥ ਪੜਿ ਪੜਿ ਪੰਡਿਤ ਕਰਹਿ ਬੀਚਾਰ॥
ਬਿਨੁ ਬੂਝੇ ਸਭ ਹੋਇ ਖੁਆਰ॥ ਨਾਨਕ ਗੁਰਮੁਖਿ ਉਤਰਸਿ ਪਾਰਿ॥ (੭੯੧)

- ਬੇਦ ਕਤੇਬ ਕਰਹਿ ਕਹ ਬਪੁਰੇ ਨਹ ਬੂਝਹਿ ਇਕ ਏਕਾ॥
ਮਿਠ ਰਸੁ ਖਾਇ ਸੁ ਰੋਗਿ ਭਰੀਜੈ ਕੰਦ ਮੂਲਿ ਸੁਖੁ ਨਾਹੀ॥
ਨਾਮੁ ਵਿਸਾਰਿ ਚਲਹਿ ਅਨ ਮਾਰਗਿ ਅੰਤ ਕਾਲਿ ਪਛੁਤਾਹੀ॥
ਤੀਰਥਿ ਭਰਮੈ ਰੋਗੁ ਨ ਛੂਟਸਿ ਪੜਿਆ ਬਾਦੁ ਬਿਬਾਦੁ ਭਇਆ॥
ਦੁਬਿਧਾ ਰੋਗੁ ਸੁ ਅਧਿਕ ਵਡੇਰਾ ਮਾਇਆ ਕਾ ਮੁਹਤਾਜੁ ਭਇਆ॥
ਗੁਰਮੁਖਿ ਸਾਚਾ ਸਬਦਿ ਸਲਾਹੈ ਮਨਿ ਸਾਚਾ ਤਿਸੁ ਰੋਗੁ ਗਇਆ॥
ਨਾਨਕ ਹਰਿ ਜਨ ਅਨਦਿਨੁ ਨਿਰਮਲ ਜਿਨ ਕਉ ਕਰਮਿ ਨੀਸਾਣੁ ਪਇਆ॥ (੧੧੫੩)

- ਕੇਤੇ ਕਹਹਿ ਵਖਾਣ ਕਹਿ ਕਹਿ ਜਾਵਣਾ॥ ਵੇਦ ਕਹਹਿ ਵਖਿਆਣ ਅੰਤੁ ਨ ਪਾਵਣਾ॥
ਪੜਿਐ ਨਾਹੀ ਭੇਦੁ ਬੁਝਿਐ ਪਾਵਣਾ॥ ਖਟੁ ਦਰਸਨ ਕੈ ਭੇਖਿ ਕਿਸੈ ਸਚਿ ਸਮਾਵਣਾ॥
ਸਚਾ ਪੁਰਖੁ ਅਲਖੁ ਸਬਦਿ ਸੁਹਾਵਣਾ॥ ਮੰਨੇ ਨਾਉ ਬਿਸੰਖ ਦਰਗਹ ਪਾਵਣਾ॥
ਖਾਲਕ ਕਉ ਆਦੇਸੁ ਢਾਢੀ ਗਾਵਣਾ॥ ਨਾਨਕ ਜੁਗੁ ਜੁਗੁ ਏਕੁ ਮੰਨਿ ਵਸਾਵਣਾ॥ (੧੪੮)

- ਪੜਿ ਪੜਿ ਪੋਥੀ ਸਿੰਮ੍ਰਿਤਿ ਪਾਠਾ॥ ਬੇਦ ਪੁਰਾਣ ਪੜੈ ਸੁਣਿ ਥਾਟਾ॥ ਬਿਨੁ ਰਸ ਰਾਤੇ ਮਨੁ ਬਹੁ ਨਾਟਾ॥(੨੨੬)

- ਲਖ ਸਾਸਤ ਸਮਝਾਵਣੀ ਲਖ ਪੰਡਿਤ ਪੜਹਿ ਪੁਰਾਣ॥ ਜਾਂ ਪਤਿ ਲੇਖੈ ਨਾ ਪਵੈ ਤਾਂ ਸਭੇ ਕੁਪਰਵਾਣ॥
ਸਚ ਨਾਮਿ ਪਤਿ ਊਪਜੈ ਕਰਮਿ ਨਾਮੁ ਕਰਤਾਰੁ॥ ਅਹਿਨਿਸਿ ਹਿਰਦੈ ਜੇ ਵਸੈ ਨਾਨਕ ਨਦਰੀ ਪਾਰੁ॥(੩੫੮)

– ਲਿਖਿ ਲਿਖਿ ਪੜਿਆ॥ ਤੇਤਾ ਕੜਿਆ॥ (੪੬੭)

– ਪੜਿ ਪੁਸਤਕ ਸੰਧਿਆ ਬਾਦੰ॥ ਸਿਲ ਪੂਜਸਿ ਬਗੁਲ ਸਮਾਧੰ॥
ਮੁਖਿ ਝੂਠ ਬਿਭੂਖਣ ਸਾਰੰ॥ ਤ੍ਰੈਪਾਲ ਤਿਹਾਲ ਬਿਚਾਰੰ॥
ਗਲਿ ਮਾਲਾ ਤਿਲਕੁ ਲਿਲਾਟੰ॥ ਦੁਇ ਧੋਤੀ ਬਸਤ੍ਰ ਕਪਾਟੰ॥
ਜੇ ਜਾਣਸਿ ਬ੍ਰਹਮੰ ਕਰਮੰ॥ ਸਭਿ ਫੋਕਟ ਨਿਸਚਉ ਕਰਮੰ॥
ਕਹੁ ਨਾਨਕ ਨਿਹਚਉ ਧਿਆਵੈ॥ ਵਿਣੁ ਸਤਿਗੁਰ ਵਾਟ ਨ ਪਾਵੈ॥ (੪੭੦)

– ਕਾਦੀ ਕੂੜੁ ਬੋਲਿ ਮਲੁ ਖਾਇ॥ ਬ੍ਰਾਹਮਣੁ ਨਾਵੈ ਜੀਆ ਘਾਇ॥
ਜੋਗੀ ਜੁਗਤਿ ਨ ਜਾਣੈ ਅੰਧੁ॥ ਤੀਨੇ ਓਜਾੜੇ ਕਾ ਬੰਧੁ॥
ਸੋ ਜੋਗੀ ਜੋ ਜੁਗਤਿ ਪਛਾਣੈ॥ ਗੁਰ ਪਰਸਾਦੀ ਏਕੋ ਜਾਣੈ॥
ਕਾਜੀ ਸੋ ਜੋ ਉਲਟੀ ਕਰੈ॥ ਗੁਰ ਪਰਸਾਦੀ ਜੀਵਤੁ ਮਰੈ॥
ਸੋ ਬ੍ਰਾਹਮਣੁ ਜੋ ਬ੍ਰਹਮੁ ਬੀਚਾਰੈ॥ ਆਪਿ ਤਰੈ ਸਗਲੇ ਕੁਲ ਤਾਰੈ॥
ਦਾਨਸਬੰਦੁ ਸੋਈ ਦਿਲਿ ਧੋਵੈ॥ ਮੁਸਲਮਾਣੁ ਸੋਈ ਮਲੁ ਖੋਵੈ॥
ਪੜਿਆ ਬੂਝੈ ਸੋ ਪਰਵਾਣੁ॥ ਜਿਸੁ ਸਿਰਿ ਦਰਗਹ ਕਾ ਨੀਸਾਣੁ॥ (੬੬੨)

– ਸਾਸਤ੍ਰ ਬੇਦ ਪੁਰਾਣ ਪੜ੍ਹੰਤਾ॥ ਪੂਕਾਰੰਤਾ ਅਜਾਣੰਤਾ॥
ਜਾਂ ਬੂਝੈ ਤਾਂ ਸੂਝੈ ਸੋਈ॥ ਨਾਨਕੁ ਆਖੈ ਕੂਕ ਨ ਹੋਈ॥ (੧੨੪੨)

– ਕੋਈ ਪੜਤਾ ਸਹਸਾਕਿਰਤਾ ਕੋਈ ਪੜੈ ਪੁਰਾਨਾ॥ ਕੋਈ ਨਾਮੁ ਜਪੈ ਜਪਮਾਲੀ ਲਾਗੈ ਤਿਸੈ ਧਿਆਨਾ॥
ਅਬ ਹੀ ਕਬ ਹੀ ਕਿਛੂ ਨ ਜਾਨਾ ਤੇਰਾ ਏਕੋ ਨਾਮੁ ਪਛਾਨਾ॥ (੮੭੬)

– ਪੰਡਿਤੁ ਪੜਿ ਨ ਪਹੁਚਈ ਬਹੁ ਆਲ ਜੰਜਾਲਾ॥ ਪਾਪ ਪੁੰਨ ਦੁਇ ਸੰਗਮੇ ਖੁਧਿਆ ਜਮਕਾਲਾ॥
ਵਿਛੋੜਾ ਭਉ ਵੀਸਰੈ ਪੂਰਾ ਰਖਵਾਲਾ॥ ਜਿਨ ਕੀ ਲੇਖੈ ਪਤਿ ਪਵੈ ਸੇ ਪੂਰੇ ਭਾਈ॥
ਪੂਰੇ ਪੂਰੀ ਮਤਿ ਹੈ ਸਚੀ ਵਡਿਆਈ॥ ਦੇਦੇ ਤੋਟਿ ਨ ਆਵਈ ਲੈ ਲੈ ਥਕਿ ਪਾਈ॥ (੧੦੧੨)

– ਦਿਸੰਤਰੁ ਭਵੈ ਪਾਠ ਪੜਿ ਥਾਕਾ ਤ੍ਰਿਸਨਾ ਹੋਇ ਵਧੇਰੈ॥ ਕਾਚੀ ਪਿੰਡੀ ਸਬਦੁ ਨ ਚੀਨੈ ਉਦਰੁ ਭਰੈ ਜੈਸੇ ਢੋਰੈ॥
ਬਾਬਾ ਐਸੀ ਰਵਤ ਰਵੈ ਸੰਨਿਆਸੀ॥ ਗੁਰ ਕੈ ਸਬਦਿ ਏਕ ਲਿਵ ਲਾਗੀ ਤੇਰੈ ਨਾਮਿ ਰਤੇ ਤ੍ਰਿਪਤਾਸੀ॥ (੧੦੧੨)

– ਪਾਧਾ ਪੜਿਆ ਆਖੀਐ ਬਿਦਿਆ ਬਿਚਰੈ ਸਹਜਿ ਸੁਭਾਇ॥ ਬਿਦਿਆ ਸੋਧੈ ਤਤੁ ਲਹੈ ਰਾਮ ਨਾਮ ਲਿਵ ਲਾਇ॥
ਮਨਮੁਖ ਬਿਦਿਆ ਬਿਕ੍ਰਦਾ ਬਿਖੁ ਖਟੇ ਬਿਖੁ ਖਾਇ॥ ਮੂਰਖੁ ਸਬਦੁ ਨ ਚੀਨਈ ਸੂਝ ਬੂਝ ਨਹ ਕਾਇ॥
ਪਾਧਾ ਗੁਰਮੁਖਿ ਆਖੀਐ ਚਾਟੜਿਆ ਮਤਿ ਦੇਇ॥ ਨਾਮੁ ਸਮਾਲਹੁ ਨਾਮੁ ਸੰਗਰਹੁ ਲਾਹਾ ਜਗ ਮਹਿ ਲੇਇ॥
ਸਚੀ ਪਟੀ ਸਚੁ ਮਨਿ ਪੜੀਐ ਸਬਦੁ ਸੁ ਸਾਰੁ॥
ਨਾਨਕ ਸੋ ਪੜਿਆ ਸੋ ਪੰਡਿਤੁ ਬੀਨਾ ਜਿਸੁ ਰਾਮ ਨਾਮੁ ਗਲਿ ਹਾਰੁ॥(੯੩੭)

– ਗੁਰਮੁਖਿ ਚਲਤੁ ਰਚਾਇਓਨੁ ਗੁਣ ਪਰਗਟੀ ਆਇਆ॥ ਗੁਰਬਾਣੀ ਸਦ ਉਚਰੈ ਹਰਿ ਮੰਨਿ ਵਸਾਇਆ॥
ਸਕਤਿ ਗਈ ਭ੍ਰਮੁ ਕਟਿਆ ਸਿਵ ਜੋਤਿ ਜਗਾਇਆ॥ ਜਿਨ ਕੈ ਪੋਤੈ ਪੁੰਨੁ ਹੈ ਗੁਰੁ ਪੁਰਖੁ ਮਿਲਾਇਆ॥
ਨਾਨਕ ਸਹਜੇ ਮਿਲਿ ਰਹੇ ਹਰਿ ਨਾਮਿ ਸਮਾਇਆ॥ (੧੨੩੮)

– ਪੜ੍ਹੀਐ ਨਾਮੁ ਸਾਲਾਹ ਹੋਰਿ ਬੁਧੀ ਮਿਥਿਆ॥ ਬਿਨੁ ਸਚੇ ਵਾਪਾਰ ਜਨਮੁ ਬਿਰਥਿਆ॥
ਅੰਤੁ ਨ ਪਾਰਾਵਾਰੁ ਨ ਕਿਨ ਹੀ ਪਾਇਆ॥ ਸਭੁ ਜਗੁ ਗਰਬਿ ਗੁਬਾਰੁ ਤਿਨ ਸਚੁ ਨ ਭਾਇਆ॥ (੧੨੮੯)

– ਜੈ ਕਾਰਣਿ ਬੇਦ ਬ੍ਰਹਮੈ ਉਚਰੇ ਸੰਕਰਿ ਛੋਡੀ ਮਾਇਆ॥
ਜੈ ਕਾਰਣਿ ਸਿਧ ਭਏ ਉਦਾਸੀ ਦੇਵੀ ਮਰਮੁ ਨ ਪਾਇਆ॥
ਬਾਬਾ ਮਨਿ ਸਾਚਾ ਮੁਖਿ ਸਾਚਾ ਕਹੀਐ ਤਰੀਐ ਸਾਚਾ ਹੋਈ॥
ਦੁਸਮਨੁ ਦੂਖੁ ਨ ਆਵੈ ਨੇੜੈ ਹਰਿ ਮਤਿ ਪਾਵੈ ਕੋਈ॥ (੧੩੨੮)

– ਸਮਝੈ ਸੂਝੈ ਪੜਿ ਪੜਿ ਬੂਝੈ ਅੰਤਿ ਨਿਰੰਤਰਿ ਸਾਚਾ॥
ਗੁਰਮੁਖਿ ਦੇਖੈ ਸਾਚੁ ਸਮਾਲੇ ਬਿਨੁ ਸਾਚੇ ਜਗੁ ਕਾਚਾ॥(੯੩੦)

– ਬ੍ਰਹਮਣ ਵਾਦੁ ਪੜਹਿ ਕਰਿ ਕਿਰਿਆ ਕਰਣੀ ਕਰਮ ਕਰਾਏ॥
ਬਿਨੁ ਬੂਝੇ ਕਿਛੁ ਸੂਝੈ ਨਾਹੀ ਮਨਮੁਖੁ ਵਿਛੁੜਿ ਦੁਖੁ ਪਾਏ॥ (੧੩੩੨)

– ਬਿਨੁ ਗੁਰ ਸਬਦ ਨ ਛੂਟਸਿ ਕੋਇ॥ ਪਾਖੰਡਿ ਕੀਨੈ ਮੁਕਤਿ ਨ ਹੋਇ॥ (੯੩੯)
– ਨਵ ਛਿਅ ਖਟ ਕਾ ਕਰੇ ਬੀਚਾਰੁ॥ ਨਿਸਿ ਦਿਨ ਉਚਰੈ ਭਾਰ ਅਠਾਰ॥
ਤਿਨਿ ਭੀ ਅੰਤੁ ਨ ਪਾਇਆ ਤੋਹਿ॥ ਨਾਮ ਬਿਹੂਣ ਮੁਕਤਿ ਕਿਉ ਹੋਇ॥
ਨਾਭਿ ਵਸਤ ਬ੍ਰਹਮੈ ਅੰਤੁ ਨ ਜਾਣਿਆ॥ ਗੁਰਮੁਖਿ ਨਾਨਕ ਨਾਮੁ ਪਛਾਣਿਆ॥ (੧੨੩੭)

– ਸਭਿ ਜਪ ਸਭਿ ਤਪ ਸਭ ਚਤੁਰਾਈ॥ ਊਝੜਿ ਭਰਮੈ ਰਾਹਿ ਨ ਪਾਈ॥
ਬਿਨੁ ਬੂਝੇ ਕੋ ਥਾਇ ਨ ਪਾਈ॥ ਨਾਮ ਬਿਹੂਣੈ ਮਾਥੇ ਛਾਈ॥
ਸਾਚ ਧਣੀ ਜਗੁ ਆਇ ਬਿਨਾਸਾ॥ ਛੂਟਸਿ ਪ੍ਰਾਣੀ ਗੁਰਮੁਖਿ ਦਾਸਾ॥ (੪੧੨)

– ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ॥ ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ॥
ਛੋਡੀਲੇ ਪਾਖੰਡਾ॥ ਨਾਮਿ ਲਇਐ ਜਾਹਿ ਤਰੰਦਾ॥ (੪੭੧)

– ਜਲਿ ਮਲਿ ਕਾਇਆ ਮਾਜੀਐ ਭਾਈ ਭੀ ਮੈਲਾ ਤਨੁ ਹੋਇ॥
ਗਿਆਨਿ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲੁ ਹੋਇ॥
ਦੇਵੀ ਦੇਵਾ ਪੂਜੀਐ ਭਾਈ ਕਿਆ ਮਾਗਉ ਕਿਆ ਦੇਹਿ॥
ਪਾਹਣੁ ਨੀਰਿ ਪਖਾਲੀਐ ਭਾਈ ਜਲ ਮਹਿ ਬੁਡਹਿ ਤੇਹਿ॥ (੬੩੭)

<u>ਗੁਰੂ ਅਮਰਦਾਸ ਜੀ</u>

– ਪੰਡਿਤ ਪੜਹਿ ਸਾਦੁ ਨ ਪਾਵਹਿ॥ ਦੂਜੈ ਭਾਇ ਮਾਇਆ ਮਨੁ ਭਰਮਾਵਹਿ॥
ਮਾਇਆ ਮੋਹਿ ਸਭ ਸੁਧਿ ਗਵਾਈ ਕਰਿ ਅਵਗਣ ਪਛੋਤਾਵਣਿਆ॥ (੧੧੬)

– ਪੜਿ ਪੜਿ ਪੰਡਿਤ ਮੋਨੀ ਥਕੇ ਚਉਥੇ ਪਦ ਕੀ ਸਾਰ ਨ ਪਾਵਣਿਆ॥ (੧੧੭)

– ਜਗੁ ਕਊਆ ਮੁਖਿ ਚੁੰਚ ਗਿਆਨੁ॥ ਅੰਤਰਿ ਲੋਭੁ ਝੂਠੁ ਅਭਿਮਾਨੁ॥
ਬਿਨੁ ਨਾਵੈ ਪਾਜੁ ਲਹਗੁ ਨਿਦਾਨਿ॥ ਸਤਿਗੁਰ ਸੇਵਿ ਨਾਮੁ ਵਸੈ ਮਨਿ ਚੀਤਿ॥
ਗੁਰੁ ਭੇਟੇ ਹਰਿ ਨਾਮੁ ਚੇਤਾਵੈ ਬਿਨੁ ਨਾਵੈ ਹੋਰ ਝੂਠੁ ਪਰੀਤਿ॥ਰਹਾਉ॥

ਗੁਰਿ ਕਹਿਆ ਸਾ ਕਾਰ ਕਮਾਵਹੁ॥ ਸਬਦੁ ਚੀਨ੍ਹਿ ਸਹਜ ਘਰਿ ਆਵਹੁ॥
ਸਾਚੈ ਨਾਇ ਵਡਾਈ ਪਾਵਹੁ॥ ਆਪਿ ਨ ਬੂਝੈ ਲੋਕ ਬੁਝਾਵੈ॥
ਮਨ ਕਾ ਅੰਧਾ ਅੰਧੁ ਕਮਾਵੈ॥ ਦਰੁ ਘਰੁ ਮਹਲੁ ਠਉਰੁ ਕੈਸੇ ਪਾਵੈ॥ (੮੩੨)

- ਪੜਿ ਪੜਿ ਪੰਡਿਤ ਜੋਤਕੀ ਵਾਦ ਕਰਹਿ ਬੀਚਾਰੁ॥ ਮਤਿ ਬੁਧਿ ਭਵੀ ਨ ਬੁਝਈ ਅੰਤਰਿ ਲੋਭ ਵਿਕਾਰੁ॥
ਲਖ ਚਉਰਾਸੀਹ ਭਰਮਦੇ ਭ੍ਰਮਿ ਭ੍ਰਮਿ ਹੋਇ ਖੁਆਰੁ॥ ਪੂਰਬਿ ਲਿਖਿਆ ਕਮਾਵਣਾ ਕੋਇ ਨ ਮੇਟਣਹਾਰੁ॥(੨੭)

- ਜਿਨੀ ਸੁਣਿ ਕੈ ਮੰਨਿਆ ਤਿਨਾ ਨਿਜ ਘਰਿ ਵਾਸੁ॥ ਗੁਰਮਤੀ ਸਾਲਾਹਿ ਸਚੁ ਹਰਿ ਪਾਇਆ ਗੁਣਤਾਸੁ॥
ਸਬਦਿ ਰਤੇ ਸੇ ਨਿਰਮਲੇ ਹਉ ਸਦ ਬਲਿਹਾਰੈ ਜਾਸੁ॥ ਹਿਰਦੈ ਜਿਨ ਕੈ ਹਰਿ ਵਸੈ ਤਿਤੁ ਘਟਿ ਹੈ ਪਰਗਾਸੁ॥(੨੭)

- ਪੜਿਐ ਮੈਲੁ ਨ ਉਤਰੈ ਪੂਛਹੁ ਗਿਆਨੀਆ ਜਾਇ॥ ਮਨ ਮੇਰੇ ਗੁਰ ਸਰਣਿ ਆਵੈ ਤਾ ਨਿਰਮਲੁ ਹੋਇ॥
ਮਨਮੁਖ ਹਰਿ ਹਰਿ ਕਰਿ ਥਕੇ ਮੈਲੁ ਨ ਸਕੀ ਧੋਇ॥ਰਹਾਉ॥
ਮਨਿ ਮੈਲੈ ਭਗਤਿ ਨ ਹੋਵਈ ਨਾਮੁ ਨ ਪਾਇਆ ਜਾਇ॥ ਮਨਮੁਖ ਮੈਲੇ ਮੈਲੇ ਮੁਏ ਜਾਸਨਿ ਪਤਿ ਗਵਾਇ॥
ਗੁਰ ਪਰਸਾਦੀ ਮਨਿ ਵਸੈ ਮਲੁ ਹਉਮੈ ਜਾਇ ਸਮਾਇ॥ (੩੯)

- ਲੋਭੀ ਅਨ ਕਉ ਸੇਵਦੇ ਪੜਿ ਵੇਦਾ ਕਰੈ ਪੂਕਾਰ॥ ਬਿਖਿਆ ਅੰਦਰਿ ਪਚਿ ਮੁਏ ਨਾ ਉਰਵਾਰੁ ਨ ਪਾਰੁ॥(੩੦)

- ਪੰਡਿਤੁ ਪੜੈ ਬੰਧਨ ਮੋਹ ਬਾਧਾ ਨਹ ਬੂਝੈ ਬਿਖਿਆ ਪਿਆਰਿ॥
ਸਤਗੁਰਿ ਮਿਲਿਐ ਤ੍ਰਿਕੁਟੀ ਛੂਟੈ ਚਉਥੈ ਪਦਿ ਮੁਕਤਿ ਦੁਆਰੁ॥ (੩੩)

- ਪੜਿ ਪੜਿ ਪੰਡਿਤ ਜੋਤਕੀ ਥਕੇ ਭੇਖੀ ਭਰਮਿ ਭੁਲਾਏ॥
ਗੁਰ ਭੇਟੇ ਸਹਜੁ ਪਾਇਆ ਆਪਣੀ ਕਿਰਪਾ ਕਰੇ ਰਜਾਇ॥(੬੮)

- ਪੜੀਐ ਗੁਣੀਐ ਕਿਆ ਕਥੀਐ ਜਾ ਮੁੰਢਹੁ ਘੁਥਾ ਜਾਇ॥
ਚਉਥੇ ਪਦ ਮਹਿ ਸਹਜੁ ਹੈ ਗੁਰਮੁਖਿ ਪਲੈ ਪਾਇ॥(੬੮)

- ਪਾਠੁ ਪੜੈ ਨਾ ਬੂਝਈ ਭੇਖੀ ਭਰਮਿ ਭੁਲਾਇ॥ ਗੁਰਮਤੀ ਹਰਿ ਸਦਾ ਪਾਇਆ ਰਸਨਾ ਹਰਿ ਰਸੁ ਸਮਾਇ॥ (੬੬)

- ਦੂਜੈ ਭਾਇ ਪੜੈ ਨਹੀ ਬੂਝੈ॥ ਤ੍ਰਿਬਿਧਿ ਮਾਇਆ ਕਾਰਣਿ ਲੂਝੈ॥
ਤ੍ਰਿਬਿਧਿ ਬੰਧਨ ਤੂਟਹਿ ਗੁਰ ਸਬਦੀ ਗੁਰ ਸਬਦੀ ਮੁਕਤਿ ਕਰਾਵਣਿਆ॥ (੧੨੭)

- ਮਨਮੁਖ ਪੜਹਿ ਪੰਡਿਤ ਕਹਾਵਹਿ॥ ਦੂਜੈ ਭਾਇ ਮਹਾ ਦੁਖੁ ਪਾਵਹਿ॥
ਬਿਖਿਆ ਮਾਤੇ ਕਿਛੁ ਸੂਝੈ ਨਾਹੀ ਫਿਰਿ ਫਿਰਿ ਜੂਨੀ ਆਵਣਿਆ॥ (੧੨੮)

- ਤ੍ਰੈ ਗੁਣ ਬਾਣੀ ਬ੍ਰਹਮ ਜੰਜਾਲਾ॥ ਪੜਿ ਵਾਦੁ ਵਖਾਣਹਿ ਸਿਰਿ ਮਾਰੇ ਜਮਕਾਲਾ॥
ਤਤੁ ਨ ਚੀਨਹਿ ਬੰਨਹਿ ਪੰਡ ਪਰਾਲਾ॥ (੨੩੦)

- ਰਾਮ ਪੜਹੁ ਮਨਿ ਕਰਹੁ ਬੀਚਾਰੁ॥ ਗੁਰ ਪਰਸਾਦੀ ਮੈਲੁ ਉਤਾਰੁ॥ (੨੩੦)

- ਪੜਿ ਪੜਿ ਪੰਡਿਤ ਵਾਦੁ ਵਖਾਣਹਿ ਬਿਨੁ ਬੂਝੇ ਸੁਖੁ ਨ ਹੋਈ॥
ਆਵਣ ਜਾਣਾ ਕਦੇ ਨ ਚੂਕੈ ਮਾਇਆ ਮੋਹ ਪਿਆਰਾ॥ (੫੭੦)

– ਪੰਡਿਤ ਭੁਲਿ ਭੁਲਿ ਮਾਇਆ ਵੇਖਹਿ ਦਿਖਾ ਕਿਨੈ ਕਿਹੁ ਆਣਿ ਚੜਾਇਆ॥
ਦੂਜੈ ਭਾਇ ਪੜਹਿ ਨਿਤ ਬਿਖਿਆ ਨਾਵਹੁ ਦਯਿ ਖੁਆਇਆ॥
ਜੋਗੀ ਜੰਗਮ ਸੰਨਿਆਸੀ ਭੁਲੇ ਓਨ੍ਹਾ ਅਹੰਕਾਰੁ ਬਹੁ ਗਰਬੁ ਵਧਾਇਆ॥
ਛਾਦਨੁ ਭੋਜਨੁ ਨ ਲੈਹੀ ਸਤ ਭਿਖਿਆ ਮਨਹਠਿ ਜਨਮੁ ਗਵਾਇਆ॥
ਏਤੜਿਆ ਵਿਚਹੁ ਸੋ ਜਨੁ ਸਮਧਾ ਜਿਨਿ ਗੁਰਮੁਖਿ ਨਾਮੁ ਧਿਆਇਆ॥ (੫੧੩)

– ਪੰਡਿਤ ਪੜਦੇ ਜੋਤਕੀ ਨਾ ਬੂਝਹਿ ਬੀਚਾਰਾ॥ (੯੪੮)

– ਬੇਦ ਪੜਹਿ ਹਰਿ ਨਾਮੁ ਨ ਬੂਝਹਿ॥ ਮਾਇਆ ਕਾਰਣਿ ਪੜਿ ਪੜਿ ਲੂਝਹਿ॥
ਅੰਤਰਿ ਮੈਲੁ ਅਗਿਆਨੀ ਅੰਧਾ ਕਿਉ ਕਰਿ ਦੁਤਰੁ ਤਰੀਜੈ ਹੇ॥
ਬੇਦ ਬਾਦ ਸਭਿ ਆਖਿ ਵਖਾਣਹਿ॥ ਨ ਅੰਤਰੁ ਭੀਜੈ ਨ ਸਬਦੁ ਪਛਾਣਹਿ॥
ਪੁੰਨੁ ਪਾਪੁ ਸਭੁ ਬੇਦਿ ਦ੍ਰਿੜਾਇਆ ਗੁਰਮੁਖਿ ਅੰਮ੍ਰਿਤੁ ਪੀਜੈ ਹੇ॥ (੧੦੫੦)

– ਪੰਡਿਤ ਪੜਹਿ ਪੜਿ ਵਾਦੁ ਵਖਾਣਹਿ ਤਿੰਨਾ ਬੂਝ ਨ ਪਾਈ॥
ਬਿਖਿਆ ਮਾਤੇ ਭਰਮਿ ਭੁਲਾਏ ਉਪਦੇਸੁ ਕਹਹਿ ਕਿਸੁ ਭਾਈ॥ (੯੦੯)

– ਪੜਿ ਪੜਿ ਲੂਝਹਿ ਬਾਦੁ ਵਖਾਣਹਿ ਮਿਲਿ ਮਾਇਆ ਸੁਰਤਿ ਗਵਾਈ॥
ਸਤਿਗੁਰੁ ਸੇਵਹਿ ਪਰਮ ਗਤਿ ਪਾਵਹਿ ਨਾਮਿ ਮਿਲੈ ਵਡਿਆਈ॥ (੧੧੩੧)

– ਪੰਡਿਤ ਪੜਿ੍ ਪੜਿ੍ ਮੋਨੀ ਸਭਿ ਥਾਕੇ ਭ੍ਰਮਿ ਭੇਖ ਥਕੇ ਭੇਖਧਾਰੀ॥
ਗੁਰ ਪਰਸਾਦਿ ਨਿਰੰਜਨੁ ਪਾਇਆ ਸਾਚੈ ਸਬਦਿ ਵੀਚਾਰੀ॥ (੧੨੩੪)

– ਪੜਿ ਪੜਿ ਪੰਡਿਤ ਮੋਨੀ ਥਕੇ ਬੇਦਾਂ ਕਾ ਅਭਿਆਸੁ॥ ਹਰਿ ਨਾਮੁ ਚਿਤਿ ਨ ਆਵਈ ਨਹ ਨਿਜ ਘਰਿ ਹੋਵੈ ਵਾਸੁ॥
ਜਮਕਾਲੁ ਸਿਰਹੁ ਨ ਉਤਰੈ ਅੰਤਰਿ ਕਪਟ ਵਿਣਾਸੁ॥ (੧੨੭੭)

– ਹੋਵਾ ਪੰਡਿਤੁ ਜੋਤਕੀ ਵੇਦ ਪੜਾ ਮੁਖਿ ਚਾਰਿ॥ ਨਵ ਖੰਡ ਮਧੇ ਪੂਜੀਆ ਅਪਣੈ ਚਜਿ ਵੀਚਾਰਿ॥
ਮਤੁ ਸਚਾ ਅਖਰੁ ਭੁਲਿ ਜਾਇ ਚਉਕੈ ਭਿਟੈ ਨ ਕੋਇ॥ ਝੂਠੇ ਚਉਕੇ ਨਾਨਕਾ ਸਚਾ ਏਕੋ ਸੋਇ॥ (੧੦੯੦)

– ਪੜਣਾ ਗੁੜਣਾ ਸੰਸਾਰ ਕੀ ਕਾਰ ਹੈ ਅੰਦਰਿ ਤ੍ਰਿਸਨਾ ਵਿਕਾਰੁ॥
ਹਉਮੈ ਵਿਚਿ ਸਭਿ ਪੜਿ ਥਕੇ ਦੂਜੈ ਭਾਇ ਖੁਆਰੁ॥
ਸੋ ਪੜਿਆ ਸੋ ਪੰਡਿਤੁ ਬੀਨਾ ਗੁਰ ਸਬਦਿ ਕਰੇ ਵੀਚਾਰੁ॥
ਅੰਦਰੁ ਖੋਜੈ ਤਤੁ ਲਹੈ ਪਾਏ ਮੋਖ ਦੁਆਰੁ॥
ਗੁਣ ਨਿਧਾਨੁ ਹਰਿ ਪਾਇਆ ਸਹਜਿ ਕਰੇ ਵੀਚਾਰੁ॥
ਧੰਨੁ ਵਾਪਾਰੀ ਨਾਨਕਾ ਜਿਸੁ ਗੁਰਮੁਖਿ ਨਾਮੁ ਅਧਾਰੁ॥ (੬੫੦)

– ਪੜਿ ਪੜਿ ਪੰਡਿਤ ਬੇਦ ਵਖਾਣਹਿ ਮਾਇਆ ਮੋਹ ਸੁਆਇ॥
ਦੂਜੈ ਭਾਇ ਹਰਿ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ॥ (੮੫)

– ਹੋਵਾ ਪੰਡਿਤੁ ਜੋਤਕੀ ਵੇਦ ਪੜਾ ਮੁਖਿ ਚਾਰਿ॥ ਨਵਾ ਖੰਡਾ ਵਿਚਿ ਜਾਣੀਆ ਅਪਨੇ ਚਜ ਵੀਚਾਰ॥(੧੪੧੩)

– ਹੋਮ ਜਗ ਸਭਿ ਤੀਰਥਾ ਪੜਿ੍ ਪੰਡਿਤ ਥਕੇ ਪੁਰਾਣ॥
ਬਿਖੁ ਮਾਇਆ ਮੋਹੁ ਨ ਮਿਟਈ ਵਿਚਿ ਹਉਮੈ ਆਵਣੁ ਜਾਣੁ॥ (੧੪੧੭)

– ਪੜਿ ਪੰਡਿਤੁ ਅਵਰਾ ਸਮਝਾਏ॥ ਘਰ ਜਲਤੇ ਕੀ ਖਬਰਿ ਨ ਪਾਏ॥

ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਪੜਿ ਥਾਕੇ ਸਾਂਤਿ ਨ ਆਈ ਹੇ॥ (੧੦੪੬)

– ਪੰਡਿਤ ਦੂਜੈ ਭਾਇ ਬਰਕਤਿ ਨ ਹੋਵਈ ਨਾ ਧਨੁ ਪਲੈ ਪਾਇ॥
ਪੜਿ ਥਕੇ ਸੰਤੋਖੁ ਨ ਆਇਓ ਅਨਦਿਨੁ ਜਲਤ ਵਿਹਾਇ॥
ਕੂਕ ਪੂਕਾਰ ਨ ਚੁਕਈ ਨਾ ਸੰਸਾ ਵਿਚਹੁ ਜਾਇ॥ ਨਾਨਕ ਨਾਮ ਵਿਹੂਣਿਆ ਮੁਹਿ ਕਾਲੈ ਉਠਿ ਜਾਇ॥(੬੪੭)

– ਪੰਡਿਤੁ ਪੜਿ ਪੜਿ ਉਚਾ ਕੂਕਦਾ ਮਾਇਆ ਮੋਹਿ ਪਿਆਰੁ॥ ਅੰਤਰਿ ਬ੍ਰਹਮੁ ਨ ਚੀਨਈ ਮਨਿ ਮੂਰਖੁ ਗਾਵਾਰੁ॥
ਦੂਜੈ ਭਾਇ ਜਗਤੁ ਪਰਬੋਧਦਾ ਨਾ ਬੂਝੈ ਬੀਚਾਰੁ॥ ਬਿਰਥਾ ਜਨਮੁ ਗਵਾਇਆ ਮਰਿ ਜੰਮੈ ਵਾਰੋ ਵਾਰ॥(੮੬)

– ਘਰਿ ਘਰਿ ਪੜਿ ਪੜਿ ਪੰਡਿਤ ਥਕੇ ਸਿਧ ਸਮਾਧਿ ਲਗਾਇ॥
ਇਹੁ ਮਨੁ ਵਸਿ ਨ ਆਵਈ ਥਕੇ ਕਰਮ ਕਮਾਇ॥
ਭੇਖਧਾਰੀ ਭੇਖ ਕਰਿ ਥਕੇ ਅਠਿਸਠਿ ਤੀਰਥ ਨਾਇ॥
ਮਨ ਕੀ ਸਾਰ ਨ ਜਾਣਨੀ ਹਉਮੈ ਭਰਮਿ ਭੁਲਾਇ॥ (੬੪੪)

– ਪੜਿ ਪੜਿ ਪੰਡਿਤ ਵਾਦੁ ਵਖਾਣਦੇ ਮਾਇਆ ਮੋਹ ਸੁਆਇ॥
ਦੂਜੇ ਭਾਇ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ॥
ਜਿਨ੍ਹਿ ਕੀਤੇ ਤਿਸੈ ਨ ਸੇਵਨ੍ਹੀ ਦੇਦਾ ਰਿਜਕੁ ਸਮਾਇ॥
ਜਮ ਕਾ ਫਾਹਾ ਗਲਹੁ ਨ ਕਟੀਐ ਫਿਰਿ ਫਿਰਿ ਆਵਹਿ ਜਾਇ॥ (੧੨੪੯)

– ਪੜ੍ਹਿ ਪੜ੍ਹਿ ਪੰਡਿਤ ਮੋਨੀ ਥਕੇ ਦੇਸੰਤਰ ਭਵਿ ਥਕੇ ਭੇਖਧਾਰੀ॥
ਦੂਜੇ ਭਾਇ ਨਾਉ ਕਦੇ ਨ ਪਾਇਨਿ ਦੁਖੁ ਲਾਗਾ ਅਤਿ ਭਾਰੀ॥
ਮੂਰਖ ਅੰਧੇ ਤ੍ਰੈ ਗੁਣ ਸੇਵਹਿ ਮਾਇਆ ਕੈ ਬਿਉਹਾਰੀ॥
ਅੰਦਰਿ ਕਪਟੁ ਉਦਰੁ ਭਰਣ ਕੈ ਤਾਈ ਪਾਠ ਪੜਹਿ ਗਾਵਾਰੀ॥
ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਨ ਹਉਮੈ ਵਿਚਹੁ ਮਾਰੀ॥
ਨਾਨਕ ਪੜਣਾ ਗੁਨਣਾ ਇਕੁ ਨਾਉ ਹੈ ਬੂਝੈ ਕੋ ਬੀਚਾਰੀ॥ (੧੨੪੬)

<u>ਗੁਰੂ ਰਾਮਦਾਸ ਜੀ</u>

– ਸੇਵਕ ਸਿਖ ਪੂਜਣ ਸਭਿ ਆਵਹਿ ਸਭਿ ਗਾਵਹਿ ਹਰਿ ਹਰਿ ਊਤਮ ਬਾਨੀ॥
ਗਾਵਿਆ ਸੁਣਿਆ ਤਿਨ ਕਾ ਹਰਿ ਥਾਇ ਪਾਵੈ ਜਿਨ ਸਤਿਗੁਰ ਕੀ
ਆਗਿਆ ਸਤਿ ਸਤਿ ਕਰਿ ਮਾਨੀ॥ (੬੬੯)

– ਹਰਿ ਪੜੁ ਹਰਿ ਲਿਖੁ ਹਰਿ ਜਪਿ ਹਰਿ ਗਾਉ ਹਰਿ ਭਉਜਲੁ ਪਾਰਿ ਉਤਾਰੀ॥
ਮਨਿ ਬਚਨਿ ਰਿਦੈ ਧਿਆਇ ਹਰਿ ਹੋਇ ਸੰਤੁਸਟੁ ਇਵ ਭਣੁ ਹਰਿ ਨਾਮੁ ਮੁਰਾਰੀ॥ (੬੬੯)

– ਜਪਿ ਮਨ ਰਾਮ ਨਾਮੁ ਪੜ੍ਹ ਸਾਰੁ॥ ਰਾਮ ਨਾਮ ਬਿਨੁ ਥਿਰੁ ਨਹੀ ਕੋਈ ਹੋਰੁ ਨਿਹਫਲ ਸਭੁ ਬਿਸਥਾਰੁ॥(੧੨੦੦)

<u>ਗੁਰੂ ਅਰਜਨ ਦੇਵ ਜੀ</u>

– ਚਾਰਿ ਬੇਦ ਜਿਹਵ ਭਨੇ॥ ਦਸ ਅਸਟ ਖਸਟ ਸ੍ਰਵਨ ਸੁਨੇ॥
ਨਹੀ ਤੁਲਿ ਗੋਬਿਦ ਨਾਮ ਧੁਨੇ॥ ਮਨ ਚਰਨ ਕਮਲ ਲਾਗੇ॥ (੧੨੨੯)

– ਬੇਦੁ ਪੁਕਾਰੈ ਮੁਖ ਤੇ ਪੰਡਤ ਕਾਮਾਮਨ ਕਾ ਮਾਠਾ॥ ਮੋਨੀ ਹੋਇ ਬੈਠਾ ਇਕਾਂਤੀ ਹਿਰਦੈ ਕਲਪਨ ਗਾਠਾ॥
ਹੋਇ ਉਦਾਸੀ ਗ੍ਰਿਹੁ ਤਜਿ ਚਲਿਓ ਛੁਟਕੈ ਨਾਹੀ ਨਾਠਾ॥ (੧੦੦੩)

– ਵੇਦੁ ਪੜੈ ਅਨਦਿਨੁ ਵਾਦ ਸਮਾਲੇ॥ ਨਾਮੁ ਨ ਚੇਤੈ ਬਧਾ ਜਮਕਾਲੇ॥
ਦੂਜੈ ਭਾਇ ਸਦਾ ਦੁਖੁ ਪਾਏ ਤ੍ਰੈ ਗੁਣ ਭਰਮਿ ਭੁਲਾਇਦਾ॥ (੧੦੬੬)

– ਚਾਰਿ ਬੇਦ ਜਿਹਵ ਭਨੇ॥ ਦਸ ਅਸਟ ਖਸਟ ਸ੍ਰਵਨ ਸੁਨੇ॥
ਨਹੀ ਤੁਲਿ ਗੋਬਿਦ ਨਾਮ ਧੁਨੇ॥ ਮਨ ਚਰਨ ਕਮਲ ਲਾਗੇ॥ (੧੨੨੯)

– ਚਤੁਰ ਬੇਦ ਮੁਖ ਬਚਨੀ ਉਚਰੈ ਆਗੈ ਮਹਲੁ ਨ ਪਾਈਐ॥
ਬੂਝੈ ਨਾਹੀ ਏਕੁ ਸੁਧਾਖਰੁ ਓਹੁ ਸਗਲੀ ਝਾਖ ਝਖਾਈਐ॥ (੨੧੬)

– ਬੇਦ ਪੜੇ ਪੜਿ ਬ੍ਰਹਮੇ ਹਾਰੇ ਇਕੁ ਤਿਲੁ ਨਹੀ ਕੀਮਤਿ ਪਾਈ॥
ਸਾਧਿਕ ਸਿਧ ਫਿਰਹਿ ਬਿਲਲਾਤੇ ਤੇ ਭੀ ਮੋਹੇ ਮਾਈ॥ (੭੪੮)

– ਬੇਦ ਕਤੇਬ ਸਿਮ੍ਰਿਤਿ ਸਭਿ ਸਾਸਤ ਇਨ੍ ਪੜਿਆ ਮੁਕਤਿ ਨ ਹੋਈ॥
ਏਕੁ ਅਖਰੁ ਜੋ ਗੁਰਮੁਖਿ ਜਾਪੈ ਤਿਸ ਕੀ ਨਿਰਮਲ ਸੋਈ॥ (੭੪੮)

– ਬੇਦ ਪੁਰਾਣ ਸਾਸਤ੍ਰ ਬੀਚਾਰੰ॥ ਏਕੰਕਾਰ ਨਾਮ ਉਰ ਧਾਰੰ॥
ਕੁਲਹ ਸਮੂਹ ਸਗਲ ਉਧਾਰੰ॥ ਬਡਭਾਗੀ ਨਾਨਕ ਕੋ ਤਾਰੰ॥ (੧੩੬੧)

– ਸਾਸਤ੍ਰ ਬੇਦ ਕੀ ਬਿਧਿ ਨਹੀ ਜਾਣਹਿ ਬਿਆਪੇ ਮਨ ਕੈ ਮਾਨ॥
ਸੰਧਿਆ ਕਾਲ ਕਰਹਿ ਸਭਿ ਵਰਤਾ ਜਿਉ ਸਫਰੀ ਦੰਫਾਨ॥
ਪ੍ਰਭੂ ਭੁਲਾਏ ਊਝੜਿ ਪਾਏ ਨਿਹਫਲ ਸਭਿ ਕਰਮਾਨ॥
ਸੋ ਗਿਆਨੀ ਸੋ ਬੈਸਨੌ ਪੜ੍ਹਿਆ ਜਿਸੁ ਕਰੀ ਕ੍ਰਿਪਾ ਭਗਵਾਨ॥ (੧੨੦੩)

– ਪਾਠੁ ਪੜਿਓ ਅਰੁ ਬੇਦੁ ਬੀਚਾਰਿਓ ਨਿਵਲਿ ਭੁਅੰਗਮ ਸਾਧੇ॥
ਪੰਚ ਜਨਾ ਸਿਉ ਸੰਗੁ ਨ ਛੁਟਕਿਓ ਅਧਿਕ ਅਹੰਬੁਧਿ ਬਾਧੇ॥ (੬੪੧)

<u>ਗੁਰੂ ਤੇਗ ਬਹਾਦਰ ਜੀ</u>

– ਕੋਊ ਮਾਈ ਭੂਲਿਓ ਮਨੁ ਸਮਝਾਵੈ॥ ਬੇਦ ਪੁਰਾਨ ਸਾਧ ਮਗ ਸੁਨਿ ਕਰਿ ਨਿਮਖ ਨ ਹਰਿ ਗੁਨ ਗਾਵੈ॥(੨੧੯)

<u>ਕਬੀਰ ਜੀ</u>

– ਬੇਦ ਪੜੇ ਪੜਿ ਪੰਡਿਤ ਮੂਏ ਰੂਪੁ ਦੇਖਿ ਦੇਖਿ ਨਾਰੀ॥
ਰਾਮ ਨਾਮ ਬਿਨੁ ਸਭੈ ਬਿਗੂਤੇ ਦੇਖਹੁ ਨਿਰਖਿ ਸਰੀਰਾ॥(੬੫੪)

– ਬਿਦਿਆ ਨ ਪਰਉ ਬਾਦੁ ਨਹੀ ਜਾਨਉ॥ ਹਰਿ ਗੁਨ ਕਥਤ ਸੁਨਤ ਬਉਰਾਨੋ॥ (੮੫੫)

– ਕਿਆ ਪੜੀਐ ਕਿਆ ਗੁਨੀਐ॥ ਕਿਆ ਬੇਦ ਪੁਰਾਨਾਂ ਸੁਨੀਐ॥
ਪੜੇ ਸੁਨੇ ਕਿਆ ਹੋਈ॥ ਜਉ ਸਹਜ ਨ ਮਿਲਿਓ ਸੋਈ॥ (੬੫੫)

– ਬੇਦ ਪੁਰਾਨ ਪੜੇ ਕਾ ਕਿਆ ਗੁਨੁ ਖਰ ਚੰਦਨ ਜਸ ਭਾਰਾ॥
ਰਾਮ ਨਾਮ ਕੀ ਗਤਿ ਨਹੀ ਜਾਨੀ ਕੈਸੇ ਉਤਰਸਿ ਪਾਰਾ॥ (੧੧੦੨)

ਆਉ ਆਪਣੇ ਅੰਦਰ ਝਾਤੀ ਮਾਰੀਏ, ਸ਼ਾਇਦ ਇਹ ਗੁਰੂ-ਬਚਨ ਅੱਜ ਸਾਡੇ ਅਖੰਡਪਾਠੀ ਪ੍ਰਚਾਰਕਾਂ ਤੇ ਪੂਰਾ ਢੁੱਕ ਰਿਹਾ ਹੋਵੇ:

– ਪੰਡਿਤੁ ਪੜਿ ਪੜਿ ਉਚਾ ਕੂਕਦਾ ਮਾਇਆ ਮੋਹਿ ਪਿਆਰੁ॥ ਅੰਤਰਿ ਬ੍ਰਹਮੁ ਨ ਚੀਨਈ ਮਨਿ ਮੂਰਖੁ ਗਾਵਾਰੁ॥
ਦੂਜੈ ਭਾਇ ਜਗਤੁ ਪਰਬੋਧਦਾ ਨਾ ਬੂਝੈ ਬੀਚਾਰੁ॥ ਬਿਰਥਾ ਜਨਮੁ ਗਵਾਇਆ ਮਰਿ ਜੰਮੈ ਵਾਰੋ ਵਾਰ॥ (੮੬)